Vigilance Bureau Punjab

**VB NABS SENIOR ASSISTANT OF WATER SUPPLY DEPARTMENT RED HANDED FOR TAKING BRIBE**

Chandigarh, June 20: State Vigilance Bureau today nabbed Senior Assistant Jasmeet Singh red handed for accepting bribe of Rs. 15,000/-.

Disclosing this here today a spokesperson of Vigilance Bureau Punjab said Jasmeet Singh, senior assistant posted at XEN office, water supply & sanitation department division no-1, Ferozepur was caught red handed on the complaint of Jaswant Singh of Jandi Mohalla, Ferozepur.

Giving details he said the complainant has approached the VB and alleged that the above named senior assistant was demanding bribe of Rs. 15,000 to clear the pending service bills of his firm.

After verifying his complaint the VB team laid a trap and the accused was caught red handed with Rs. 15,000 and tainted money was recovered from him in the presence of two official witnesses.

He informed that a case under Prevention of Corruption Act has been registered against the accused at VB police Ferozepur and further investigation was under progress.

-----------

## ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦਾ ਸੀਨੀਅਰ ਸਹਾਇਕ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 20 ਜੂਨ: ਵਿਜੀਲੈਂਸ ਬਿਓਰੋ ਪੰਜਾਬ ਵੱਲੋਂ ਦਫਤਰ ਐਕਸੀਅਨ, ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਡਵੀਜਨ-1, ਫਿਰੋਜਪੁਰ ਵਿਖੇ ਤਾਇਨਾਤ ਸੀਨੀਅਰ ਸਹਾਇਕ ਜਸਮੀਤ ਸਿੰਘ ਨੂੰ 15000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦਸਿਆ ਕਿ ਉਕਤ ਸੀਨੀਅਰ ਸਹਾਇਕ ਨੂੰ ਸ਼ਿਕਾਇਤਕਰਤਾ ਜਸਵੰਤ ਸਿੰਘ ਵਾਸੀ ਜੰਡੀ ਮੁਹੱਲਾ, ਫਿਰੋਜਪੁਰ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਸੀਨੀਅਰ ਸਹਾਇਕ ਵਲੋਂ ਉਸ ਦੀ ਫਰਮ ਦੇ ਬਕਾਇਆ ਬਿਲਾਂ ਦਾ ਭੁਗਤਾਨ ਕਰਨ ਬਦਲੇ 15,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਨਿਰੀਖਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਉਕਤ ਸੀਨੀਅਰ ਸਹਾਇਕ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਖੇ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।